# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਦੁਕਾਨਦਾਰਾਂ ਵਲੋਂ ਕੀਤੇ ਗਏ ਨਜਾਇਜ ਕਬਜਿਆਂ ਸਬੰਧੀ 20 ਚਲਾਨ ਕੱਟੇ ਗਏ..........ਕਾਰਜ ਸਾਧਕ ਅਫਸਰ

ਹੁਸ਼ਿਆਰਪੁਰ 19 ਨਵੰਬਰ- ਨਗਰ ਨਿਗਮ ਹੁਸ਼ਿਆਰਪੁਰ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਗਰ ਨਿਗਮ ਹੁਸ਼ਿਆਰੁਪਰ ਦੇ ਸੁਪਰਡੈਂਟ ਤਹਿਬਾਜਰੀ ਸੁਆਮੀ ਸਿੰਘ ਦੀ ਅਗਵਾਈ ਵਿਚ ਦੁਕਾਨਦਾਰਾਂ ਵਲੋਂ ਸੜਕਾਂ ਤੇ ਕੀਤੇ ਗਏ ਨਜਾਇਜ ਕਬਜਿਆਂ ਨੂੰ ਹਟਾਉਣ ਲਈ ਦੌਰਾ ਕੀਤਾ ਇਸ ਮੌਕੇ ਤੇ ਭੇਜੀ ਗਈ ਟੀਮ ਵਿਚ ਇੰਸਪੈਕਟਰ ਸੁਰਜੀਤ ਬਹਿਲ, ਸੰਨੀ ਅਤੇ ਕੁਲਵਿੰਦਰ ਸਿੰਘ ਸ਼ਾਮਿਲ ਹਨ ਨੇ ਸ਼ਹਿਰ ਦੇ ਵੱਖ ਵੱਖ ਬਜਾਰਾਂ ਬਸੀ ਖਵਾਜੂ, ਬੱਸ ਸਟੈਂਡ ਦੇ ਆਲੇ ਦੁਆਲੇ, ਕਮਾਲਪੁਰ ਚੋਂਕ, ਘੰਟਾ ਘਰ, ਰੇਲਵੇ ਰੋਡ, ਸ਼ੈਸ਼ਨ ਚੋਂਕ ਅਤੇ ਮਾਲ ਰੋਡ ਵਿਖੇ ਨਗਰ ਨਿਗਮ ਦੀ ਜਗਾ ਤੇ ਲਗਾਏ ਗਏ ਸਮਾਨ ਨੂੰ ਹਟਾਉਣ ਲਈ ਦੁਕਾਨਦਾਰਾਂ ਨੂੰ ਹਦਾਇਤ ਕੀਤੀ ਅਤੇ ਮੌਕੇ ਤੇ 20 ਦੁਕਾਨਦਾਰਾਂ ਦੇ ਚਲਾਨ ਕੱਟੇ ਗਏ।

ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਦੁਕਾਨਦਾਰਾਂ ਵਪਾਰੀਆਂ ਅਤੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ ਕਿਉਂਕਿ ਇਸ ਨਾਲ ਸੜਕਾਂ ਤੇ ਆਉਣ ਜਾਣ ਵਾਲੇ ਲੋਕਾਂ ਨੂੰ ਦਿੱਕਤ ਪੇਸ਼ ਆਉਂਦੀ ਹੈ ਅਤੇ ਸੜਕੀ ਆਵਜਾਈ ਵਿਚ ਰੁਕਾਵਟ ਪੈਂਦੀ ਹੈ। ਉਹਨਾਂ ਦੱਸਿਆ ਕਿ ਨਗਰ ਨਿਗਮ ਵਲੋਂ ਸੜਕਾਂ ਤੇ ਕੀਤੇ ਗਏ ਨਜਾਇਜ ਕਬਜੇ ਹਟਾਉਣ ਸਬੰਧੀ ਮੁਹਿੰਮ ਲਗਾਤਾਰ ਜਾਰੀ ਰੱਖੀ ਜਾਵੇਗੀ।